# Today's Hukamnama from Sri Darbar Sahib, Sri Amritsar.

June 18th , 2026 - Thursday - 04:30 AM. IST

## ਸੂਹੀ ਮਹਲਾ ੫ ॥

**ਗੁਰ ਕੈ ਬਚਨਿ ਰਿਦੈ ਧਿਆਨੁ ਧਾਰੀ ॥ ਰਸਨਾ ਜਾਪੁ ਜਪਉ ਬਨਵਾਰੀ ॥੧॥ ਸਫਲ ਮੂਰਤਿ ਦਰਸਨ ਬਲਿਹਾਰੀ ॥ ਚਰਣ ਕਮਲ ਮਨ ਪ੍ਰਾਣ ਅਧਾਰੀ ॥੧॥ ਰਹਾਉ ॥ ਸਾਧਸੰਗਿ ਜਨਮ ਮਰਣ ਨਿਵਾਰੀ ॥ ਅੰਮ੍ਰਿਤ ਕਥਾ ਸੁਣਿ ਕਰਨ ਅਧਾਰੀ ॥੨॥ ਕਾਮ ਕ੍ਰੋਧ ਲੋਭ ਮੋਹ ਤਜਾਰੀ ॥ ਦ੍ਰਿੜੁ ਨਾਮ ਦਾਨੁ ਇਸਨਾਨੁ ਸੁਚਾਰੀ ॥੩॥ ਕਹੁ ਨਾਨਕ ਇਹੁ ਤਤੁ ਬੀਚਾਰੀ ॥ ਰਾਮ ਨਾਮ ਜਪਿ ਪਾਰਿ ਉਤਾਰੀ ॥੪॥੧੨॥੧੮॥**

**ਵੀਰਵਾਰ, ੪ ਹਾੜ (ਸੰਮਤ ੫੫੮ ਨਾਨਕਸ਼ਾਹੀ) ੧੮ ਜੂਨ, ੨੦੨੬ (ਅੰਗ : ੭੪੦)**

ਪੰਜਾਬੀ ਵਿਆਖਿਆ:

**ਸੂਹੀ ਮਹਲਾ ੫ ॥**

ਹੇ ਭਾਈ! ਗੁਰੂ ਦੇ ਸ਼ਬਦ ਦੀ ਰਾਹੀਂ ਮੈਂ ਆਪਣੇ ਹਿਰਦੇ ਵਿਚ ਪਰਮਾਤਮਾ ਦਾ ਧਿਆਨ ਧਰਦਾ ਹਾਂ, ਅਤੇ ਆਪਣੀ ਜੀਭ ਨਾਲ ਪਰਮਾਤਮਾ (ਦੇ ਨਾਮ) ਦਾ ਜਾਪ ਜਪਦਾ ਹਾਂ ।੧। ਹੇ ਭਾਈ! ਗੁਰੂ ਦੀ ਹਸਤੀ ਮਨੁੱਖਾ ਜੀਵਨ ਦਾ ਫਲ ਦੇਣ ਵਾਲੀ ਹੈ । ਮੈਂ (ਗੁਰੂ ਦੇ) ਦਰਸਨ ਤੋਂ ਸਦਕੇ ਜਾਂਦਾ ਹਾਂ । ਗੁਰੂ ਦੇ ਕੋਮਲ ਚਰਨਾਂ ਨੂੰ ਮੈਂ ਆਪਣੇ ਮਨ ਦਾ ਜਿੰਦ ਦਾ ਆਸਰਾ ਬਣਾਂਦਾ ਹਾਂ ।੧।ਰਹਾਉ। ਹੇ ਭਾਈ! ਗੁਰੂ ਦੀ ਸੰਗਤਿ ਵਿਚ (ਰਹਿ ਕੇ) ਮੈਂ ਜਨਮ ਮਰਨ ਦਾ ਗੇੜ ਮੁਕਾ ਲਿਆ ਹੈ, ਅਤੇ ਆਤਮਕ ਜੀਵਨ ਦੇਣ ਵਾਲੀ ਸਿਫ਼ਤਿ-ਸਾਲਾਹ ਕੰਨਾਂ ਨਾਲ ਸੁਣ ਕੇ (ਇਸ ਨੂੰ ਮੈਂ ਆਪਣੇ ਜੀਵਨ ਦਾ) ਆਸਰਾ ਬਣਾ ਰਿਹਾ ਹਾਂ ।੨। ਹੇ ਭਾਈ! (ਗੁਰੂ ਦੀ ਬਰਕਤਿ ਨਾਲ) ਮੈਂ ਕਾਮ ਕ੍ਰੋਧ ਲੋਭ ਮੋਹ (ਆਦਿਕ) ਨੂੰ ਤਿਆਗਿਆ ਹੈ । ਹਿਰਦੇ ਵਿਚ ਪ੍ਰਭੂ-ਨਾਮ ਨੂੰ ਪੱਕਾ ਕਰ ਕੇ ਟਿਕਾਣਾ, ਦੂਜਿਆਂ ਦੀ ਸੇਵਾ ਕਰਨੀ, ਆਚਰਨ ਨੂੰ ਪਵਿਤ੍ਰ ਰੱਖਣਾ—ਇਹ ਮੈਂ ਚੰਗੀ ਜੀਵਨ-ਮਰਯਾਦਾ ਬਣਾ ਲਈ ਹੈ ।੩। ਹੇ ਨਾਨਕ! ਆਖ—(ਹੇ ਭਾਈ! ਤੂੰ ਭੀ) ਇਹ ਅਸਲੀਅਤ ਆਪਣੇ ਮਨ ਵਿਚ ਵਸਾ ਲੈ, ਅਤੇ ਗੁਰੂ ਦੀ ਰਾਹੀਂ ਪਰਮਾਤਮਾ ਦਾ ਨਾਮ ਜਪ ਕੇ (ਆਪਣੇ ਆਪ ਨੂੰ ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਲੈ ।੪।੧੨।੧੮।

English Translation:

**SOOHEE, FIFTH MEHL:**

Within my heart, I meditate on the Word of the Guru's Teachings. With my tongue, I chant the Chant of the Lord. || 1 || The image of His vision is fruitful; I am a sacrifice to it. His Lotus Feet are the Support of the mind, the Support of the very breath of life. || 1 || Pause || In the Saadh Sangat, the Company of the Holy, the cycle of birth and death is ended. To hear the Ambrosial Sermon is the support of my ears. || 2 || I have renounced sexual desire, anger, greed and emotional attachment. I have enshrined the Naam within myself, with charity, true cleansing and righteous conduct. || 3 || Says Nanak, I have contemplated this essence of reality; chanting the Name of the Lord, I am carried across. || 4 || 12 || 18 ||

**Thursday, 4th Assaar (Samvat 558 Nanakshahi) 18th June, 2026 (Ang: 740)**